2024 91911 4-1

ਰਾਜ ਵਿੱਦਿਅਕ ਖੋਜ ਅਤੇ ਸਿਖਲਾਈ ਪ੍ਰੀਸ਼ਦ, ਪੰਜਾਬ
ਛੇਵੀਂ ਮੰਜ਼ਿਲ, ਬਲਾਕ-ਈ, ਪੰਜਾਬ ਸਕੂਲ ਸਿੱਖਿਆ ਬੋਰਡ ਕੰਪ, ਫੇਜ਼-8,
ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਮੁਹਾਲੀ), ਫੋਨ ਨੰਬਰ:-0172-2212221

ਵੱਲ (ਈ-ਮੇਲ ਰਾਹੀਂ)

ਸਮੂਹ ਜਿਲ੍ਹਾ ਸਿੱਖਿਆ ਅਫਸਰ (ਸੈਸਿੰ)
ਪੰਜਾਬ।

ਮੀਮੋ ਨੰਬਰ : SCERT-SDP01/180/2021-SDP-SCERT-278672 / 687-91.

ਮਿਤੀ : ਐਸ.ਏ.ਐਸ.ਨਗਰ, 24-07-2024

ਵਿਸ਼ਾ:- ਨਸ਼ਿਆਂ ਨੂੰ ਨਾਂ ਛੂਹਣ ਅਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਂ ਕਰਨ ਦਾ ਪ੍ਰਣ ਲੈਣ ਸੰਬੰਧੀ।

ਹਵਾਲਾ: Additional Secretary, Department of School Education and Literacy, Ministry of Education, Government of India New Delhi ਦੇ ਪੱਤਰ D.O.No. 01-01/2023-IS.14(Part-1) Dated 8th July, 2024 ਦੇ ਸੰਬੰਧ ਵਿੱਚ।

1.0 ਉਪਰੋਕਤ ਵਿਸ਼ੇ ਅਤੇ ਹਵਾਲਾ ਅਧੀਨ ਪੱਤਰ ਵਿੱਚ ਦਰਸਾਏ ਅਨੁਸਾਰ Chief Secretaries ਦੀ ਤੀਜੀ ਰਾਸ਼ਟਰੀ ਕਾਨਫਰੰਸ 27-29 ਦਸੰਬਰ 2023, ਨਵੀਂ ਦਿੱਲੀ ਵਿੱਚ ਮਾਣਯੋਗ ਪ੍ਰਧਾਨ ਮੰਤਰੀ ਦੀ ਪ੍ਰਧਾਨਗੀ ਹੇਠ ਹੋਈ।

2.0 ਇਸ ਕਾਨਫਰੰਸ ਵਿੱਚ ਸਾਰੇ ਹਾਈ/ ਸੈਕੰਡਰੀ ਸਕੂਲ ਅਤੇ ਕਾਲਜਾਂ ਦੇ ਵਿਦਿਆਰਥੀਆਂ ਦੁਆਰਾ ਨਸ਼ਿਆਂ ਨੂੰ ਨਾਂ ਛੂਹਣ ਅਤੇ ਨਸ਼ੀਲੇ ਪਦਾਰਥਾਂ ਦੀ ਵਰਤੋਂ ਨਾਂ ਕਰਨ ਦਾ ਪ੍ਰਣ ਲੈਣ ਅਤੇ ਸਕੂਲਾਂ ਦੇ ਨੋਟਿਸ ਬੋਰਡ ਤੇ Pledge ਲਿਖਣ ਸੰਬੰਧੀ ਫੈਸਲਾ ਕੀਤਾ ਗਿਆ।

3.0 ਸਮੂਹ ਹਾਈ/ ਸੈਕੰਡਰੀ ਅਤੇ ਸੀਨੀਅਰ ਸੈਕੰਡਰੀ ਸਕੂਲਾਂ ਦੀ ਸਵੇਰੇ ਦੀ ਸਭਾ ਵਿੱਚ ਵਿਦਿਆਰਥੀਆਂ ਲਈ ਨਸ਼ਿਆਂ ਵਿਰੁੱਧ ਲਈ ਜਾਣ ਵਾਲੀ ਸੰਹੁ (ਨਾਲ ਨੱਥੀ) ਅਤੇ ਦਿੱਤੇ ਲਿੰਕ (https://umba.dosje.gov.in/content/take--pledge) 'ਤੇ ਵੀ ਉਪਲਬਧ ਹੈ।

4.0 ਆਪ ਵੱਲੋਂ ਆਪਣੇ ਅਧੀਨ ਆਉਂਦੇ ਸਾਰੇ ਸਰਕਾਰੀ/ ਅਰਧ ਸਰਕਾਰੀ ਅਤੇ ਪ੍ਰਾਈਵੇਟ ਸਕੂਲਾਂ ਵਿੱਚ ਸਵੇਰ ਦੀ ਸਭਾ ਦੌਰਾਨ ਸੰਹੁ ਚੁੱਕਣ ਅਤੇ ਸਕੂਲ ਦੇ ਨੋਟਿਸ ਬੋਰਡ ਤੇ Pledge ਪ੍ਰਦਰਸ਼ਨ ਕਰਨ ਸੰਬੰਧੀ ਹਦਾਇਤਤਾਂ ਜਾਰੀ ਕੀਤੀਆਂ ਜਾਣ ਅਤੇ ਵਿਦਿਆਰਥੀਆਂ ਨੂੰ ਸੰਹੁ ਚੁੱਕਣ ਲਈ ਉਤਸਾਹਿਤ ਕੀਤਾ ਜਾਵੇ।

5.0 ਉਪਰੋਕਤ ਵਿਸ਼ੇ ਸਬੰਧੀ ਸਮੂਹ ਸਕੂਲਾਂ ਵੱਲੋਂ ਕੀਤੀ ਗਈ ਕਾਰਵਾਈ ਹੇਠ ਲਿਖੇ ਅਨੁਸਾਰ ਗੂਗਲ ਸ਼ੀਟ (https://docs.google.com/spreadsheets/d/14A6XmgDJc0T1d_kXpiRVy6RPzj3jvHmQ13OKz0vqXBE/edit?usp=sharing) ਵਿੱਚ ਭਰ ਕੇ ਮਿਤੀ 25-07-2024 ਤੱਕ ਭੇਜੀ ਜਾਵੇ। (ਇਸ ਨੂੰ ਅਤਿ ਜਰੂਰੀ ਸਮਝਿਆ ਜਾਵੇ)

| S No. | District / Block Name | School Name | Principal/ In Charge Name | Phone No. | No. of students who take Pledge | Whether Pledge Displayed on School Notice Board YES/ NO | Remarks |
|---|---|---|---|---|---|---|---|
| | | | | | | | |
| | | | | | | | |
| | | | | | | | |

ਨੱਥੀ

1. ਸੰਹੁ ਪੰਜਾਬੀ ਵਿੱਚ
2. ਸੰਹੁ ਅੰਗਰੇਜੀ ਅਤੇ ਹਿੰਦੀ ਵਿੱਚ

– ਸਹੀ –

ਅਮਨਿੰਦਰ ਕੌਰ (ਪੀ.ਸੀ.ਐਸ.)

ਡਾਇਰੈਕਟਰ, ਐਸ.ਸੀ.ਈ.ਆਰ.ਟੀ.,ਪੰਜਾਬ।

ਪਿੱਠ ਅੰਕਣ ਨੰ. ਉਕਤ/ ਮਿਤੀ:- ਐਸ.ਏ.ਐਸ. ਨਗਰ,25-07-2024

ਉਕਤ ਦਾ ਉਤਾਰਾ ਹੇਠ ਲਿਖਿਆਂ ਨੂੰ ਸੂਚਨਾ ਹਿੱਤ ਭੇਜਿਆ ਜਾਂਦਾ ਹੈ ਜੀ:-

1. ਪੀ.ਏ. ਟੂ ਸਕੱਤਰ ਸਕੂਲ ਸਿੱਖਿਆ, ਪੰਜਾਬ,
2. ਪੀ.ਏ. ਟੂ ਸਪੈਸ਼ਲ ਸਕੱਤਰ ਸਕੂਲ ਸਿੱਖਿਆ, ਪੰਜਾਬ,
3. ਪੀ.ਏ. ਟੂ ਡੀ.ਜੀ.ਐਸ.ਈ., ਪੰਜਾਬ,
4. ਪੀ.ਏ. ਟੂ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਸਿ), ਪੰਜਾਬ।

ਸਹਾਇਕ ਡਾਇਰੈਕਟਰ

ਐਸ.ਸੀ.ਈ.ਆਰ.ਟੀ., ਪੰਜਾਬ।

ਮ.ਕੌਰ

(ਸਹੁੰ ਪੰਜਾਬੀ ਵਿੱਚ)

ਪਿਆਰੇ ਦੋਸਤੋ, ਨੌਜਵਾਨ ਕਿਸੇ ਵੀ ਦੇਸ਼ ਦੀ ਊਰਜਾ ਹੁੰਦੇ ਹਨ, ਸਮਾਜ ਅਤੇ ਦੇਸ਼ ਦੇ ਵਿਕਾਸ ਵਿੱਚ ਨੌਜਵਾਨਾਂ ਦੀ ਸ਼ਕਤੀ ਦਾ ਅਹਿਮ ਯੋਗਦਾਨ ਹੁੰਦਾ ਹੈ। ਇਸ ਲਈ ਇਹ ਬਹੁਤ ਜ਼ਰੂਰੀ ਹੈ ਕਿ ਵੱਧ ਤੋਂ ਵੱਧ ਨੌਜਵਾਨ ਨਸ਼ਾ ਮੁਕਤ ਭਾਰਤ ਮੁਹਿੰਮ ਵਿੱਚ ਸ਼ਾਮਲ ਹੋਣ। ਦੇਸ਼ ਦੀ ਇਸ ਚੁਣੌਤੀ ਨੂੰ ਸਵੀਕਾਰ ਕਰਦੇ ਹੋਏ, ਅੱਜ ਅਸੀਂ ਨਸ਼ਾ ਮੁਕਤ ਭਾਰਤ ਅਭਿਆਨ ਦੇ ਤਹਿਤ ਇੱਕਜੁੱਟ ਹੋ ਕੇ ਇਹ ਪ੍ਰਣ ਲੈਂਦੇ ਹਾਂ ਕਿ ਸਮਾਜ, ਪਰਿਵਾਰ, ਦੋਸਤ-ਮਿੱਤਰ ਹੀ ਨਹੀਂ ਸਗੋਂ ਅਸੀਂ ਵੀ ਨਸ਼ਾ ਮੁਕਤ ਹੋਵਾਂਗੇ ਕਿਉਂਕਿ ਬਦਲਾਅ ਦੀ ਸ਼ੁਰੂਆਤ ਆਪਣੇ ਆਪ ਤੋਂ ਹੋਣੀ ਚਾਹੀਦੀ ਹੈ। ਇਸ ਲਈ ਆਓ ਆਪਾਂ ਸਾਰੇ ਮਿਲ ਕੇ ਆਪਣੇ ਜ਼ਿਲ੍ਹੇ/ਸੂਬੇ ਨੂੰ ..... (ਨਾਮ) ਨੂੰ ਨਸ਼ਾ ਮੁਕਤ ਬਣਾਉਣ ਲਈ ਦ੍ਰਿੜ ਫੈਸਲਾ ਕਰੀਏ। ਮੈਂ ਵਾਅਦਾ ਕਰਦਾ/ਕਰਦੀ ਹਾਂ ਕਿ ਮੈਂ ਆਪਣੇ ਦੇਸ਼ ਨੂੰ ਨਸ਼ਾ ਮੁਕਤ ਬਣਾਉਣ ਲਈ ਆਪਣੀ ਸਮਰੱਥਾ ਅਨੁਸਾਰ ਹਰ ਸੰਭਵ ਕੋਸ਼ਿਸ਼ ਕਰਾਂਗਾ/ਕਰਾਂਗੀ।

ਜੈ ਹਿੰਦ!

**ਦਫਤਰ ਜਿਲ੍ਹਾ ਸਿੱਖਿਆ ਅਫਸਰ (ਸੈ.ਸਿ) ਬਠਿੰਡਾ**

ਪਿਠ ਅੰਕਣ ਨੰ :ਜੀ-1/1 ( )2024/ 10043 ਮਿਤੀ: 24/7/24

ਉਪਰੋਕਤ ਦਾ ਉਤਾਰਾ ਸਮੂਹ ਸਕੂਲ ਮੁਖੀਆਂ ਨੂੰ , ਭੇਜਕੇ ਲਿਖਿਆ ਜਾਂਦਾ ਹੈ ਕਿ ਉਕਤ ਪੱਤਰ ਵਿਚ ਦਰਜ ਹਦਾਇਤਾਂ ਦੀ ਇੰਨ-ਬਿੰਨ ਪਾਲਣਾ ਕਰਨੀ ਯਕੀਨੀ ਬਣਾਈ ਜਾਵੇ ।

Skumar 24/7/24

ਜਿਲ੍ਹਾ ਸਿੱਖਿਆ ਅਫਸਰ (ਸੈ.ਸਿ)

ਬਠਿੰਡਾ ।

## शपथ/Oath

### (शपथ हिंदी में)

प्रिय साथियों, युवा किसी भी राष्ट्र की ऊर्जा होते हैं तथा युवाओं की शक्ति का समाज एवं देश के विकास में महत्वपूर्ण योगदान है। अतः यह अति आवश्यक है कि नशामुक्त भारत अभियान में सर्वाधिक संख्या में युवा जुड़ें। देश की इस चुनौती को स्वीकार करते हुए हम आज नशामुक्त भारत अभियान के अंतर्गत एक जुट होकर प्रतिज्ञा करते हैं कि न केवल समुदाय, परिवार, मित्र, बल्कि स्वयं को भी नशामुक्त कराऐंगे क्योंकि बदलाव की शुरुआत अपने आप से होनी चाहिए। इसलिए आइए हम सब मिलकर अपने ज़िले / राज्य.... (नाम) को नशामुक्त कराने का दृढ निश्चय करें। मैं प्रतिज्ञा करता हूँ कि अपने देश को नशामुक्त करने के लिए अपनी क्षमता के अनुसार हर सम्भव प्रयास करूँगा।

जय हिन्द

### (Pledge in English)

Dear friends, Youth is the energy of any nation and the power of youth has an important contribution in the development of society and country. Therefore, it is very important that maximum number of youth join the drug free India campaign. Accepting this challenge of the country, today we unite under the Nasha Mukt Bharat Abhiyan and take a pledge that not only the community, family, friends, but also ourselves will be drug free because change should start with ourselves. So let us all together take a firm decision to make our district/state.....(name) drug-free. I pledge that I will do everything possible to the best of my ability to make my country drug-free.

Jai Hind!